ਵਡਹੰਸੁ ਮਹਲਾ ੩ ਅਸਟਪਦੀਆ ੴ ਸਤਿਗੁਰ ਪ੍ਰਸਾਦਿ ॥ ਸਚੀ ਬਾਣੀ ਸਚੁ ਧੁਨਿ ਸਚੁ ਸਬਦੁ ਵੀਚਾਰਾ ॥ ਅਨਦਿਨੁ ਸਚੁ ਸਲਾਹਣਾ ਧਨੁ ਧਨੁ ਵਡਭਾਗ ਹਮਾਰਾ ॥੧॥ ਮਨ ਮੇਰੇ ਸਾਚੇ ਨਾਮ ਵਿਟਹੁ ਬਲਿ ਜਾਉ ॥ ਦਾਸਨਿ ਦਾਸਾ ਹੋਇ ਰਹਹਿ ਤਾ ਪਾਵਹਿ ਸਚਾ ਨਾਉ ॥ ੧॥ ਰਹਾਉ ॥ ਜਿਹਵਾ ਸਚੀ ਸਚਿ ਰਤੀ ਤਨੁ ਮਨੁ ਸਚਾ ਹੋਇ ॥ ਬਿਨੁ ਸਾਚੇ ਹੋਰੁ ਸਾਲਾਹਣਾ ਜਾਸਹਿ ਜਨਮੁ ਸਭੁ ਖੋਇ ॥੨॥ ਸਚੁ ਖੇਤੀ ਸਚੁ ਬੀਜਣਾ ਸਾਚਾ ਵਾਪਾਰਾ ॥ ਅਨਦਿਨੁ ਲਾਹਾ ਸਚੁ ਨਾਮੁ ਧਨੁ ਭਗਤਿ ਭਰੇ ਭੰਡਾਰਾ ॥ ੩॥ ਸਚੁ ਖਾਣਾ ਸਚੁ ਪੈਨਣਾ ਸਚੁ ਟੇਕ ਹਰਿ ਨਾਉ ॥ ਜਿਸ ਨੋ ਬਖਸੇ ਤਿਸੁ ਮਿਲੈ ਮਹਲੀ ਪਾਏ ਥਾਉ ॥੪॥ ਆਵਹਿ ਸਚੇ ਜਾਵਹਿ ਸਚੇ ਫਿਰਿ ਜੂਨੀ ਮੂਲਿ ਨ ਪਾਹਿ ॥ ਗੁਰਮੁਖਿ ਦਰਿ ਸਾਚੈ ਸਚਿਆਰ ਹਹਿ ਸਾਚੇ ਮਾਹਿ ਸਮਾਹਿ ॥੫॥ ਅੰਤਰੁ ਸਚਾ ਮਨੁ ਸਚਾ ਸਚੀ ਸਿਫਤਿ ਸਨਾਇ ॥ ਸਚੈ ਥਾਨਿ ਸਚੁ ਸਾਲਾਹਣਾ ਸਤਿਗੁਰ ਬਲਿਹਾਰੈ ਜਾਉ ॥੬॥ ਸਚੁ ਵੇਲਾ ਮੂਰਤੁ ਸਚੁ ਜਿਤੁ ਸਚੇ ਨਾਲਿ ਪਿਆਰੁ ॥ ਸਚੁ ਵੇਖਣਾ ਸਚੁ ਬੋਲਣਾ ਸਚਾ ਸਭੁ ਆਕਾਰੁ ॥੭॥ ਨਾਨਕ ਸਚੈ ਮੇਲੇ ਤਾ ਮਿਲੇ ਆਪੇ ਲਏ ਮਿਲਾਇ ॥ ਜਿਉ ਭਾਵੈ ਤਿਉ ਰਖਸੀ ਆਪੇ ਕਰੇ ਰਜਾਇ ॥੮॥੧॥ {ਪੰਨਾ 564-565}

ਪਦਅਰਥ:- ਸਚੀ ਬਾਣੀ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ। ਧੁਨਿ—ਆਵਾਜ਼, ਰੌ, ਲਗਨ। ਅਨਦਿਨੁ—ਹਰ ਰੋਜ਼, ਹਰ ਵੇਲੇ।1।

ਵਿਟਹੁ—ਤੋਂ। ਬਲਿ ਜਾਉ—ਕੁਰਬਾਨ ਹੋ। ਪਾਵਹਿ—ਤੂੰ ਪ੍ਰਾਪਤ ਕਰ ਲਏਂਗਾ।1। ਰਹਾਉ।

ਸਚੁ—ਸਦਾ-ਥਿਰ ਪ੍ਰਭੂ ਦਾ ਨਾਮ। ਲਾਹਾ—ਲਾਭ।3।

ਟੇਕ—ਆਸਰਾ। ਜਿਸ ਨੋ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ}। ਮਹਲੀ—ਪ੍ਰਭੂ ਦੀ ਹਜ਼ੂਰੀ ਵਿਚ।4।

ਸਚੇ—ਸਦਾ-ਥਿਰ ਪ੍ਰਭੂ ਵਿਚ (ਲੀਨ)। ਮੂਲਿ ਨ—ਉੱਕਾ ਹੀ ਨਹੀਂ। ਦਰਿ—ਦਰ ਤੇ। ਦਰਿ ਸਾਚੈ—ਸਦਾ-ਥਿਰ ਪ੍ਰਭੂ ਦੇ ਦਰ ਤੇ। ਸਚਿਆਰ—ਸੁਰਖ਼-ਰੂ।5।

ਅੰਤਰੁ—ਅੰਦਰਲਾ, ਹਿਰਦਾ। ਸਚਾ—ਸਫਲ। ਸਨਾਇ—{Ônw} ਅਰਬੀ ਲਫ਼ਜ਼} ਸਿਫ਼ਤਿ, ਵਡਿਆਈ। ਸਚੈ ਥਾਨਿ—ਸਦਾ-ਥਿਰ ਰਹਿਣ ਵਾਲੇ ਥਾਂ ਵਿਚ। ਜਾਉ—ਜਾਉਂ, ਮੈਂ ਜਾਂਦਾ ਹਾਂ।6।

ਸਚੁ—ਸਫਲ। ਮੂਰਤੁ—ਮੁਹੂਰਤ। ਜਿਤੁ—ਜਿਸ ਵਿਚ। ਸਚੁ—ਸਦਾ-ਥਿਰ ਪ੍ਰਭੂ। ਆਕਾਰੁ—ਦਿੱਸਦਾ ਜਗਤ।7।

ਸਚੈ—ਸਦਾ-ਥਿਰ ਪ੍ਰਭੂ ਨੇ। ਰਜਾਇ—ਹੁਕਮ।8।

ਅਰਥ:- ਹੇ ਮੇਰੇ ਮਨ! ਸਦਾ ਕਾਇਮ ਰਹਿਣ ਵਾਲੇ ਹਰਿ-ਨਾਮ ਤੋਂ ਸਦਕੇ ਜਾਇਆ ਕਰ। ਪਰ ਇਹ ਸਦਾ-ਥਿਰ ਰਹਿਣ ਵਾਲਾ ਹਰਿ-ਨਾਮ ਤੂੰ ਤਦੋਂ ਹੀ ਹਾਸਲ ਕਰ ਸਕੇਂਗਾ, ਜੇ ਤੂੰ ਪਰਮਾਤਮਾ ਦੇ ਸੇਵਕਾਂ ਦਾ ਸੇਵਕ ਬਣਿਆ ਰਹੇਂਗਾ।1। ਰਹਾਉ।

ਹੇ ਭਾਈ! ਮੇਰੇ ਵੱਡੇ ਭਾਗ ਜਾਗ ਪਏ ਹਨ, (ਗੁਰੂ ਦੀ ਸਰਨ ਪੈ ਕੇ) ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ (ਮੇਰੇ ਹਿਰਦੇ ਵਿਚ ਵੱਸ ਪਈ ਹੈ), ਸਦਾ-ਥਿਰ ਹਰਿ-ਨਾਮ (ਦੀ) ਰੌ (ਮੇਰੇ ਅੰਦਰ) ਚੱਲ ਪਈ ਹੈ, ਸਦਾ-ਥਿਰ ਹਰੀ ਦੀ ਸਿਫ਼ਤਿ-ਸਾਲਾਹ ਵਾਲਾ ਗੁਰ-ਸ਼ਬਦ ਮੇਰੀ ਵਿਚਾਰ (ਦਾ ਧੁਰਾ ਬਣ ਗਿਆ ਹੈ), ਮੈਂ ਹਰ ਵੇਲੇ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹਾਂ।1।

ਜੇਹੜੀ ਜੀਭ ਸਦਾ-ਥਿਰ ਹਰੀ (ਦੇ ਪ੍ਰੇਮ) ਵਿਚ ਰੰਗੀ ਜਾਂਦੀ ਹੈ ਉਹ ਜੀਭ ਸਫਲ ਹੋ ਜਾਂਦੀ ਹੈ, (ਅਜੇਹੀ ਜੀਭ ਵਾਲੇ

ਮਨੁੱਖ ਦਾ) ਮਨ ਸਫਲ ਹੋ ਜਾਂਦਾ ਹੈ, ਸਰੀਰ ਸਫਲ ਹੋ ਜਾਂਦਾ ਹੈ। (ਹੇ ਭਾਈ!) ਜੇ ਤੂੰ ਸਦਾ-ਥਿਰ ਪ੍ਰਭੂ ਨੂੰ ਛੱਡ ਕੇ ਕਿਸੇ ਹੋਰ ਨੂੰ ਸਲਾਹੁੰਦਾ ਰਹੇਂਗਾ, ਤਾਂ ਆਪਣਾ ਸਾਰਾ ਜਨਮ ਗਵਾ ਕੇ (ਇਥੋਂ) ਜਾਵੇਂਗਾ।2।

ਜੇਹੜਾ ਮਨੁੱਖ ਸਦਾ-ਥਿਰ ਹਰਿ-ਨਾਮ ਨੂੰ ਆਪਣੀ ਖੇਤੀ ਬਣਾਂਦਾ ਹੈ, ਜੋ ਸਦਾ-ਥਿਰ ਨਾਮ-ਬੀਜ (ਆਪਣੇ ਹਿਰਦੇ ਵਿਚ) ਬੀਜਦਾ ਹੈ, ਜੋ ਸਦਾ-ਥਿਰ ਹਰਿ-ਨਾਮ ਦਾ ਵਪਾਰ ਕਰਦਾ ਹੈ, ਉਸ ਨੂੰ ਹਰ ਵੇਲੇ ਸਦਾ-ਥਿਰ ਹਰਿ-ਨਾਮ-ਧਨ ਲਾਭ (ਵਜੋਂ) ਪ੍ਰਾਪਤ ਹੁੰਦਾ ਰਹਿੰਦਾ ਹੈ, ਉਸ ਦੇ ਹਿਰਦੇ ਵਿਚ ਭਗਤੀ ਦੇ ਖ਼ਜ਼ਾਨੇ ਭਰ ਜਾਂਦੇ ਹਨ।3।

ਹੇ ਭਾਈ! ਜਿਸ ਮਨੁੱਖ ਉੱਤੇ ਪਰਮਾਤਮਾ ਬਖ਼ਸ਼ਸ਼ ਕਰਦਾ ਹੈ, ਉਸ ਨੂੰ ਸਦਾ-ਥਿਰ ਹਰਿ-ਨਾਮ (ਆਤਮਕ) ਖ਼ੁਰਾਕ, ਹਰਿ-ਨਾਮ ਹੀ ਪੁਸ਼ਾਕ, ਹਰਿ-ਨਾਮ ਹੀ (ਜੀਵਨ ਦਾ) ਆਸਰਾ ਮਿਲ ਜਾਂਦਾ ਹੈ। ਉਹ ਮਨੁੱਖ ਪਰਮਾਤਮਾ ਦੀ ਹਜ਼ੂਰੀ ਵਿਚ ਥਾਂ ਪ੍ਰਾਪਤ ਕਰ ਲੈਂਦਾ ਹੈ।4।

ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦੇ ਹਰਿ-ਨਾਮ ਵਿਚ ਲੀਨ ਹੀ (ਜਗਤ ਵਿਚ) ਆਉਂਦੇ ਹਨ, ਹਰਿ-ਨਾਮ ਵਿਚ ਲੀਨ ਹੀ (ਇਥੋਂ) ਜਾਂਦੇ ਹਨ, ਉਹ ਮੁੜ ਕਦੇ ਭੀ ਜੂਨਾਂ ਦੇ ਗੇੜ ਵਿਚ ਨਹੀਂ ਪੈਂਦੇ। ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਸਦਾ-ਥਿਰ ਪ੍ਰਭੂ ਦੇ ਦਰ ਤੇ ਸੁਰਖ਼-ਰੂ ਹੋ ਜਾਂਦੇ ਹਨ, ਉਹ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਹੋ ਜਾਂਦੇ ਹਨ।5।

ਹੇ ਭਾਈ! ਮੈਂ ਆਪਣੇ ਗੁਰੂ ਤੋਂ ਸਦਕੇ ਜਾਂਦਾ ਹਾਂ (ਜਿਸ ਦੀ ਮੇਹਰ ਨਾਲ ਮੇਰਾ) ਹਿਰਦਾ ਸਫਲ ਹੋ ਗਿਆ ਹੈ, ਮੇਰਾ ਮਨ ਸਫਲ ਹੋ ਗਿਆ ਹੈ, ਤੇ, ਮੈਂ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹਾਂ। ਹੇ ਭਾਈ! ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹੈ ਉਸ ਨੂੰ ਸਦਾ-ਥਿਰ ਹਰੀ ਦੀ ਹਜ਼ੂਰੀ ਵਿਚ ਥਾਂ ਮਿਲ ਜਾਂਦਾ ਹੈ।6।

ਹੇ ਭਾਈ! ਉਹ ਵੇਲਾ ਸਫਲ ਹੈ, ਉਹ ਮੁਹੂਰਤ ਸਫਲ ਹੈ ਜਦੋਂ ਕਿਸੇ ਮਨੁੱਖ ਦਾ ਪਿਆਰ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨਾਲ ਬਣ ਜਾਂਦਾ ਹੈ। (ਜਿਸ ਮਨੁੱਖ ਦਾ ਪ੍ਰਭੂ ਨਾਲ ਪਿਆਰ ਬਣਦਾ ਹੈ, ਉਹ ਮਨੁੱਖ) ਉਸ ਸਦਾ-ਥਿਰ ਪ੍ਰਭੂ ਨੂੰ ਹੀ ਹਰ ਥਾਂ ਵੇਖਦਾ ਹੈ, ਸਦਾ-ਥਿਰ ਹਰਿ-ਨਾਮ ਹੀ ਜਪਦਾ ਹੈ, ਇਹ ਸਾਰਾ ਸੰਸਾਰ ਉਸ ਨੂੰ ਸਦਾ ਕਾਇਮ ਰਹਿਣ ਵਾਲੇ ਦਾ ਸਰੂਪ ਹੀ ਦਿੱਸਦਾ ਹੈ।7।

ਹੇ ਨਾਨਕ! (ਆਖ—) ਜਦੋਂ ਸਦਾ-ਥਿਰ ਪ੍ਰਭੂ (ਜੀਵਾਂ ਨੂੰ ਆਪਣੇ ਨਾਲ) ਮਿਲਾਂਦਾ ਹੈ ਤਦੋਂ ਹੀ (ਜੀਵ ਉਸ ਦੇ ਚਰਨਾਂ ਵਿਚ) ਮਿਲਦੇ ਹਨ, ਉਹ ਆਪ ਹੀ ਆਪਣੇ (ਨਾਲ) ਮਿਲਾ ਲੈਂਦਾ ਹੈ। ਜਿਵੇਂ ਉਸ ਨੂੰ ਚੰਗਾ ਲੱਗਦਾ ਹੈ, ਉਹ ਆਪ ਹੀ ਹੁਕਮ ਕਰਦਾ ਹੈ ਤੇ (ਜੀਵਾਂ ਨੂੰ ਆਪਣੇ ਚਰਨਾਂ ਵਿਚ ਜੋੜੀ) ਰੱਖਦਾ ਹੈ।8।1।